# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-11-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 'ਜਨਜਾਤੀ ਗੌਰਵ ਦਿਵਸ' ਮੌਕੇ, 6 ਹਜ਼ਾਰ 600 ਕਰੋੜ ਰੁਪਏ ਤੋਂ ਵੱਧ ਦੇ, ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।
- ਭਾਰਤੀ ਗਰਿੱਡ ਰਾਹੀਂ ਨੇਪਾਲ ਤੋਂ ਬੰਗਲਾਦੇਸ਼ ਤੱਕ, ਪਹਿਲੇ ਤਿਕੋਣੀ ਬਿਜਲੀ ਲੈਣ-ਦੇਣ ਦਾ ਹੋਇਆ ਉਦਘਾਟਨ ।
- ਸਿੱਖ ਧਰਮ ਦੇ ਬਾਨੀ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ, 555ਵਾਂ ਪ੍ਰਕਾਸ਼ ਪੁਰਬ, ਅੱਜ ਦੇਸ਼ ਭਰ ਵਿਚ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ- ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ।
- ਅੰਮ੍ਰਿਤਸਰ ਪੁਲਿਸ ਨੇ ਇਕ ਔਰਤ ਸਮੇਤ ਤਿੰਨ ਨਸ਼ਾ ਤਸਕਰਾਂ ਨੂੰ, 8 ਕਿਲੋ ਹੈਰੋਇਨ, 6 ਕਿਲੋ ਅਫੀਮ 4 ਪਿਸਤੌਲਾਂ ਤੇ 13 ਕਿਲੋ ਰਸਾਇਣ ਨਾਲ ਕੀਤਾ ਗ੍ਰਿਫਤਾਰ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਜਨਜਾਤੀ ਗੌਰਵ ਦਿਵਸ' ਮੌਕੇ 6 ਹਜ਼ਾਰ 600 ਕਰੋੜ ਰੁਪਏ ਤੋਂ ਵੱਧ ਦੇ, ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

ਬਿਹਾਰ ਦੇ ਜਮੁਈ ਵਿਖੇ ਇਸ ਮੌਕੇ 'ਤੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਕਬਾਇਲੀ ਭਾਈਚਾਰਿਆਂ ਨੂੰ ਉੱਚਾ ਚੁੱਕਣਾ ਅਤੇ ਪੇਂਡੂ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨਾ ਏ BYTE: ਸ੍ਰੀ ਮੋਦੀ ਨੇ ਭਗਵਾਨ ਬਿਰਸਾ ਮੁੰਡਾ ਦੇ ਜੀਵਨ ਅਤੇ ਅਮੀਰ ਆਦਿਵਾਸੀ ਵਿਰਸੇ ਅਤੇ ਸੱਭਿਆਚਾਰ 'ਤੇ ਆਧਾਰਿਤ ਪ੍ਰਦਰਸ਼ਨੀ ਦਾ ਉਦਘਾਟਨ ਵੀ ਕੀਤਾ। ਇਸ ਮੌਕੇ ਉਨ੍ਹਾਂ ਯਾਦਗਾਰੀ ਸਿੱਕਾ ਅਤੇ ਡਾਕ ਟਿਕਟ ਵੀ ਜਾਰੀ ਕੀਤੀ। ਉਨ੍ਹਾਂ ਦੋ ਕਬਾਇਲੀ ਆਜ਼ਾਦੀ ਘੁਲਾਟੀਆਂ ਦੇ ਅਜਾਇਬ ਘਰਾਂ ਅਤੇ ਦੋ ਕਬਾਇਲੀ ਖੋਜ ਸੰਸਥਾਵਾਂ ਦਾ ਉਦਘਾਟਨ ਵੀ ਕੀਤਾ, ਜੋ ਕਬਾਇਲੀ ਭਾਈਚਾਰਿਆਂ ਦੇ ਅਮੀਰ ਇਤਿਹਾਸ ਅਤੇ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਬਣਾਏ ਗਏ ਨੇ। ਪ੍ਰਧਾਨ ਮੰਤਰੀ ਨੇ ਜਮੁਈ ਤੋਂ ਵਰਚੁਅਲ ਮੋਡ ਵਿੱਚ ਪੀ.ਐਮ-ਜਨਮਨ ਮੁਹਿੰਮ ਦੇ ਤਹਿਤ ਬਣਾਏ ਗਏ 11 ਹਜ਼ਾਰ ਘਰਾਂ ਦੇ ਗ੍ਰਹਿ ਪ੍ਰਵੇਸ਼ ਵਿੱਚ ਵੀ ਸ਼ਿਰਕਤ ਕੀਤੀ ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਉਨ੍ਹਾਂ

ਦੀ ਸਰਕਾਰ ਕਬਾਇਲੀ  ਭਾਈਚਾਰੇ ਦੀ ਵਿਰਾਸਤ ਅਤੇ ਸੱਭਿਆਚਾਰ ਨੂੰ ਸੰਭਾਲਣ ਲਈ ਵਚਨਬੱਧ ਏ।

---------------------------------------------------------

ਓਧਰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬੀਤੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਬਾਇਲੀ  ਭਾਈਚਾਰੇ ਦੇ ਲੋਕਾਂ ਦਾ ਤੇਜ਼ੀ ਨਾਲ ਵਿਕਾਸ ਕਰਨਾ ਸਰਕਾਰ ਦੀ ਤਰਜੀਹ ਏ।

---------------------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਭਗਵਾਨ ਬਿਰਸਾ ਮੁੰਡਾ ਭਾਰਤ ਦੀ ਆਜ਼ਾਦੀ ਅੰਦੋਲਨ ਦੇ ਮਹਾਨ ਨਾਇਕਾਂ ਵਿੱਚੋਂ ਇੱਕ ਨੇ। ਜਨਜਾਤੀ ਗੌਰਵ ਦਿਵਸ ਦੇ ਮੌਕੇ 'ਤੇ ਨਵੀਂ ਦਿੱਲੀ ਦੇ ਬਾਂਸੇਰਾ ਪਾਰਕ ਵਿਖੇ, ਬਿਰਸਾ ਮੁੰਡਾ ਦੀ ਮੂਰਤੀ ਦਾ ਉਦਘਾਟਨ ਕਰਦੇ ਹੋਏ, ਅਮਿਤ ਸ਼ਾਹ ਨੇ ਕਿਹਾ ਕਿ ਕਬਾਇਲੀ  ਭਾਈਚਾਰੇ, ਭਗਵਾਨ ਬਿਰਸਾ ਮੁੰਡਾ ਦੇ ਸਦਾ ਲਈ ਧੰਨਵਾਦੀ ਰਹਿਣਗੇ। ਗ੍ਰਿਹ ਮੰਤਰੀ ਨੇ ਕਿਹਾ ਕਿ ਛੋਟੀ ਉਮਰ ਵਿੱਚ ਭਗਵਾਨ ਬਿਰਸਾ ਮੁੰਡਾ ਨੇ ਆਪਣਾ ਜੀਵਨ, ਰਾਸ਼ਟਰ ਅਤੇ ਕਬਾਇਲੀ ਲੋਕਾਂ ਦੇ ਵਿਕਾਸ ਲਈ ਸਮਰਪਿਤ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਜਲ, ਜ਼ਮੀਨ ਅਤੇ ਜੰਗਲ ਕਬਾਇਲੀ  ਸਮਾਜ ਲਈ ਜ਼ਰੂਰੀ

ਨੇ ਅਤੇ ਬਿਰਸਾ ਮੁੰਡਾ ਨੇ ਇਸ ਬਾਰੇ ਕਬਾਇਲੀ ਭਾਈਚਾਰਿਆਂ ਵਿੱਚ ਜਾਗਰੂਕਤਾ ਲਿਆਂਦੀ । ਗ੍ਰਹਿ ਮੰਤਰੀ ਨੇ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਨੇ ਕਬਾਇਲੀ ਖੇਤਰਾਂ ਦੇ ਵਿਕਾਸ ਅਤੇ ਕਬਾਇਲੀ ਲੋਕਾਂ ਦੇ ਵਿਕਾਸ ਲਈ ਅਣਥੱਕ ਕੰਮ ਕੀਤਾ ਏ ।

-----------------------------------------------------

ਭਾਰਤੀ ਗਰਿੱਡ ਰਾਹੀਂ ਨੇਪਾਲ ਤੋਂ ਬੰਗਲਾਦੇਸ਼ ਤੱਕ ਪਹਿਲੇ ਤਿਕੋਣੀ ਬਿਜਲੀ ਲੈਣ-ਦੇਣ ਦਾ ਅੱਜ ਉਦਘਾਟਨ ਕੀਤਾ ਗਿਆ ।ਬਿਜਲੀ ਮੰਤਰੀ ਮਨੋਹਰ ਲਾਲ ਨੇ ਬੰਗਲਾਦੇਸ਼ ਦੇ ਬਿਜਲੀ ਮੰਤਰਾਲੇ ਦੇ ਸਲਾਹਕਾਰ, ਫੌਜ਼ੁਲ ਕਬੀਰ ਖਾਨ, ਅਤੇ ਨੇਪਾਲ ਦੇ ਊਰਜਾ, ਜਲ ਸਰੋਤ ਅਤੇ ਸਿੰਚਾਈ ਮੰਤਰੀ, ਦੀਪਕ ਖੜਕਾ ਦੇ ਨਾਲ, ਇੱਕ ਵਰਚੁਅਲ ਪ੍ਰੋਗਰਾਮ ਰਾਹੀਂ ਨੇਪਾਲ ਤੋਂ ਬੰਗਲਾਦੇਸ਼ ਤੱਕ ਬਿਜਲੀ ਦੇ ਪ੍ਰਵਾਹ ਦਾ ਸਾਂਝੇ ਤੌਰ 'ਤੇ ਉਦਘਾਟਨ ਕੀਤਾ । ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਇਹ ਇਤਿਹਾਸਕ ਮੌਕੇ, ਭਾਰਤੀ ਗਰਿੱਡ ਰਾਹੀਂ ਕੀਤੇ ਗਏ ਪਹਿਲੇ ਤਿਕੋਣੀ ਬਿਜਲੀ ਲੈਣ-ਦੇਣ ਨੂੰ ਦਰਸਾਉਂਦਾ ਏ । ਸਰਕਾਰ ਨੇ ਨੇਪਾਲ ਦੇ ਸਾਬਕਾ ਪ੍ਰਧਾਨ ਮੰਤਰੀ ਪੁਸ਼ਪਾ ਕਮਲ ਦਹਿਲ 'ਪ੍ਰਚੰਡ' ਦੀ, ਪਿਛਲੇ ਸਾਲ ਭਾਰਤ ਫੇਰੀ ਦੌਰਾਨ 40 ਮੈਗਾਵਾਟ ਬਿਜਲੀ ਦੀ ਬਰਾਮਦ ਨਾਲ ਭਾਰਤੀ

ਗਰਿੱਡ ਰਾਹੀਂ ਨੇਪਾਲ ਤੋਂ ਬੰਗਲਾਦੇਸ਼ ਤੱਕ ਪਹਿਲੇ ਤਿਕੋਣੀ ਬਿਜਲੀ ਲੈਣ-ਦੇਣ ਦੀ ਸਹੂਲਤ ਦੇਣ ਦੇ ਆਪਣੇ ਫੈਸਲੇ ਦਾ ਐਲਾਨ ਕੀਤਾ ਸੀ। ਇਸ ਤੋਂ ਬਾਅਦ, ਇਸ ਸਾਲ 3 ਅਕਤੂਬਰ ਨੂੰ ਕਾਠਮੰਡੂ ਵਿੱਚ NTPC ਬਿਜਲੀ ਵਪਾਰ ਨਿਗਮ, ਨੇਪਾਲ ਬਿਜਲੀ ਅਥਾਰਟੀ ਅਤੇ ਬੰਗਲਾਦੇਸ਼ ਪਾਵਰ ਡਿਵੈਲਪਮੈਂਟ ਬੋਰਡ ਵਿਚਕਾਰ ਇੱਕ ਤਿਕੋਣੀ ਬਿਜਲੀ ਵਿਕਰੀ ਸਮਝੌਤੇ 'ਤੇ ਹਸਤਾਖਰ ਕੀਤੇ ਗਏ ਸਨ। ਨੇਪਾਲ ਤੋਂ ਭਾਰਤ ਰਾਹੀਂ ਬੰਗਲਾਦੇਸ਼ ਤੱਕ ਇਸ ਬਿਜਲੀ ਦੇ ਪ੍ਰਵਾਹ ਦੀ ਸ਼ੁਰੂਆਤ ਨਾਲ, ਬਿਜਲੀ ਖੇਤਰ ਵਿੱਚ ਉਪ-ਖੇਤਰੀ ਸੰਪਰਕ ਨੂੰ ਉਤਸ਼ਾਹ ਮਿਲਣ ਦੀ ਉਮੀਦ ਏ।

---

ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ, ਅੱਜ ਭਾਰਤ ਅਤੇ ਵਿਸ਼ਵ ਭਰ ਵਿੱਚ ਬਹੁਤ ਹੀ ਧਾਰਮਿਕ ਭਾਵਨਾ ਅਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਸਾਰੇ ਧਰਮਾਂ ਦੇ ਸੈਂਕੜੇ ਸ਼ਰਧਾਲੂ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਵਿੱਚ ਮੱਥਾ ਟੇਕ ਰਹੇ ਨੇ। ਸਿੱਖ ਧਰਮ ਦੇ ਬਾਨੀ, ਗੁਰੂ ਨਾਨਕ ਦੇਵ ਜੀ ਦਾ ਜਨਮ ਸਾਲ 1469 ਵਿੱਚ ਰਾਏ ਭੋਇ ਦੀ ਤਲਵੰਡੀ ਵਿੱਚ ਹੋਇਆ ਸੀ, ਜਿਸ ਨੂੰ ਹੁਣ ਪਾਕਿਸਤਾਨ ਵਿੱਚ ਨਨਕਾਣਾ ਸਾਹਿਬ ਵਜੋਂ ਜਾਣਿਆ ਜਾਂਦਾ ਏ।

ਗੁਰੂ ਜੀ ਦੀਆਂ ਸਿੱਖਿਆਵਾਂ ਨੇ ਬਰਾਬਰੀ, ਪਿਆਰ ਅਤੇ ਰੱਬ ਪ੍ਰਤੀ ਸ਼ਰਧਾ 'ਤੇ ਜ਼ੋਰ ਦਿੱਤਾ ।**ਵੇਰਵੇ ਨਾਲ ਇਕ ਰਿਪੋਟਰ :** ਇਸ ਮੌਕੇ ਸ੍ਰੀ ਦਰਬਾਰ ਸਾਹਿਬ ਵਿਖੇ ਅਤਿ ਸੁੰਦਰ ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾ ਰਹੀ ਏ ।

------------------------------------------------------------

ਫਾਜ਼ਿਲਕਾ ਵਿੱਚ ਪਵਿਤਰ ਮੌਕੇ 'ਤੇ ਗੁਰੂਦੁਆਰਾ ਗੁਰੂ ਸ੍ਰੀ ਸਿੰਘ ਸਭਾ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦਾ ਪਾਠ ਦਾ ਭੋਗ ਪਾਇਆ ਗਿਆ । ਗੁਰੂਦੁਆਰਾ ਗੁਰੂ ਸ੍ਰੀ ਸਿੰਘ ਸਭਾ ਦੇ ਮੁੱਖ ਸੇਵਾਦਾਰ ਭਾਈ ਦਵਿੰਦਰ ਪਾਲ ਸਿੰਘ ਨੇ ਇਸ ਮੌਕੇ 'ਤੇ ਸੰਗਤਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਦਿਖਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। **ਓਧਰ ਗੁਰਦਾਸਪੁਰ ਵਿਚ ਡੇਰਾ** ਬਾਬਾ ਨਾਨਕ ਕਰਤਾਰਪੁਰ ਲਾਂਘੇ ਰਾਹੀਂ, ਪਾਕਿਸਤਾਨ ਸਥਿਤ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਕਰਨ ਲਈ, ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਜਿਥੇ, ਉਨ੍ਹਾਂ ਨੇ ਆਪਣੇ ਆਪ ਨੂੰ ਗੁਰਦਵਾਰਾ ਸਾਹਿਬ ਦੇ ਦਰਸ਼ਨ ਕਰਨ ਲਈ ਸੁਭਾਗਾ ਦਸਿਆ , ਓਥੇ ਹੀ ਉਨ੍ਹਾਂ ਨੇ ਕਰਤਾਰਪੁਰ ਲਾਂਘੇ 'ਤੇ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਵੀ ਕੀਤੀ ।BYTE:

ਇਸ ਮੌਕੇ ਮੋਹਾਲੀ ਜ਼ਿਲੇ ਦੇ ਵੱਖ-ਵੱਖ ਸ਼ਹਿਰਾਂ ਡੇਰਾਬੱਸੀ, ਜ਼ੀਰਕਪੁਰ, ਮੋਹਾਲੀ, ਖਰੜ, ਕੁਰਾਲੀ ਅਤੇ ਮੁੱਲਾਂਪੁਰ ਦੇ ਲੋਕਾਂ ਨੇ ਸਵੇਰ ਤੋਂ ਹੀ ਗੁਰਧਾਮਾਂ ਦੇ ਦਰਸ਼ਨ ਕੀਤੇ।ਗੁਰਪੁਰਬ ਮੌਕੇ ਗੁਰਦੁਆਰਾ ਕਲਗੀਧਰ ਢੇਬ ਖਰੜ ਵਿਖੇ ਸੰਗਤਾਂ ਨਤਮਸਤਕ ਹੋਈਆਂ। ਮੁਹਾਲੀ ਜ਼ਿਲ੍ਹੇ ਵਿੱਚ ਲੰਗਰ ਵੀ ਅਟੁੱਟ ਵਰਤਾਏ ਗਏ।

-------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ।

-------------------------------------------------------

ਅੰਮ੍ਰਿਤਸਰ ਪੁਲਿਸ ਨੇ ਇਕ ਔਰਤ ਸਮੇਤ ਤਿੰਨ ਨਸ਼ਾ ਤਸਕਰਾਂ ਨੂੰ ਗ੍ਰਫਤਾਰ ਕਰਕੇ 8 ਕਿਲੋ 23 ਗ੍ਰਾਮ ਤੋਂ ਹੈਰੋਇਨ, 6 ਕਿਲੋ ਅਫੀਮ 4 ਪਿਸਤੌਲਾਂ ਤੇ 13 ਕਿਲੋ ਰਸਾਇਣ ਬਰਾਮਦ ਕੀਤਾ।ਅੰਮ੍ਰਿਤਸਰ ਦੀ ਇਸਲਾਮਾਬਾਦ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਹੱਥ ਲੱਗੀ ਜਦੋਂ ਪੁਲਿਸ ਨੇ ਚਾਚਾ ਭਤੀਜੀ ਸਮੇਤ ਤਿੰਨ ਲੋਕਾਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਤੋਂ ਭਾਰੀ ਮਾਤਰਾ ਵਿੱਚ ਨਸ਼ਾ ਬਰਾਮਦ

ਕੀਤਾ ਤੇ  ਚਾਰ ਪਿਸਤੋਲਾਂ ਵੀ ਬਰਾਮਦ ਕੀਤੀਆਂ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਅੰਮ੍ਰਿਤਸਰ ਥਾਣਾ ਇਸਲਾਮਾਬਾਦ ਅਧੀਨ ਆਉਂਦੇ ਇਲਾਕੇ ਦੇ ਵਿੱਚ ਲੰਬੇ ਸਮੇਂ ਤੋਂ ਸਰਹਦ ਪਾਰੋਂ  ਨਸ਼ਾ ਲਿਆ ਕੇ ਪੰਜਾਬ ਦੇ ਵੱਖ-ਵੱਖ ਥਾਵਾਂ ਤੇ ਨਸ਼ਾ ਸਪਲਾਈ ਕਰਨ ਦੇ ਮਾਮਲੇ ਦੇ ਵਿੱਚ ਪੁਲਿਸ ਵੱਲੋਂ ਤਿੰਨ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ । ਪੁਲਿਸ ਨੇ ਦੱਸਿਆ ਕਿ ਅਜੇ  ਵੀ ਇੱਕ ਵਿਅਕਤੀ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਏ।

--------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ 'ਤੇ ਸਾਰਿਆਂ ਨੂੰ ਵਧਾਈ ਦਿੱਤੀ ਏ ।ਆਪਣੇ ਸੰਦੇਸ਼ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪ੍ਰਮਾਤਮਾ ਪ੍ਰਤੀ ਸ਼ਰਧਾ ਤੇ ਸਮਰਪਣ ਦੇ ਫਲਸਫੇ ਅਤੇ ਪਾਸਾਰ ਰਾਹੀਂ, ਮਨੁੱਖਤਾ ਨੂੰ ਮੁਕਤੀ ਦਾ ਮਾਰਗ ਦਿਖਾਇਆ।

---

ਉਨ੍ਹਾਂ ਦਸਿਆ ਕਿ ਗ੍ਰਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਦਿੱਤਿਆ ਅਤੇ ਸ਼ੰਭੂ ਅਤੇ ਮੁਸਕਾਨ ਵਜੋਂ ਹੋਈ ਏ ।ਓਧਰ ਗੁਜਰਾਤ ਵਿਚ ਨਾਰਕੋਟਿਕਸ ਕੰਟਰੋਲ ਬਿਓਰੋ ਵਲੋਂ, ਭਾਰਤੀ ਜਲ ਸੈਨਾ ਅਤੇ ਗੁਜਰਾਤ ਪੁਲਿਸ ਦੇ ਦਹਿਸ਼ਤਗਰਦ ਵਿਰੋਧੀ ਦਸਤੇ ਦੁਆਰਾ, ਚਾਰ ਵਿਦੇਸ਼ੀ ਨਾਗਰਿਕਾਂ ਨੂੰ ਗਿਰਫ਼ਤਾਰ ਕਰਕੇ ਉਨ੍ਹਾਂ ਕੋਲੋਂ 700 ਕਿਲੋਗ੍ਰਾਮ ਨਸ਼ਿਲਾ ਪਦਾਰਥ ਜ਼ਬਤ ਕੀਤਾ ਗਿਆ ਏ।

---

ਐੱਨ.ਆਈ.ਟੀ ਜਲੰਧਰ ਨੇ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਦੀ ਮਦਦ ਕਰਨ ਅਤੇ ਅਕਾਦਮਿਕ ਪ੍ਰਤਿਭਾ ਨੂੰ ਉਭਾਰਨ ਲਈ, ਇੱਕ ਸਮਝੌਤੇ 'ਤੇ ਦਸਤਖਤ ਕੀਤੇ। ਇਹ ਸਮਝੌਤਾ ਐੱਨ.ਆਈ.ਟੀ ਜਲੰਧਰ ਦੇ ਨਿਰਦੇਸ਼ਕ ਪ੍ਰੋ. ਬਿਨੋਦ ਕੁਮਾਰ ਕਨੌਜੀਆ ਅਤੇ ਕਿਸਕੋ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਪ੍ਰਬੰਧਕ ਨਿਰਦੇਸ਼ਕ ਰੋਹਿਤ ਖੰਨਾ ਵਿਚਕਾਰ ਹੋਇਆ ਏ। ਸ਼੍ਰੀ ਖੰਨਾ ਐੱਨ.ਆਈ.ਟੀ ਜਲੰਧਰ ਦੇ ਸਾਲ 1994 ਦੇ ਸਾਬਕਾ ਵਿਦਿਆਰਥੀ ਵੀ ਨੇ।ਕਿਸਕੋ ਨੇ ਆਪਣੀ

ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਮੁਹਿੰਮ ਦੇ ਤਹਿਤ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ, ਪ੍ਰਤਿਭਾਸ਼ਾਲੀ ਵਿਦਿਆਰਥੀਆਂ ਲਈ, 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਏ । ਇਹ ਕਿਸਕੋ ਦੀ ਲਗਾਤਾਰ 6ਵੇਂ ਸਾਲ ਦੀ ਸਹਾਇਤਾ ਏ , ਜੋ ਐਨ.ਆਈ.ਟੀ ਜਲੰਧਰ ਦੇ ਵਿਦਿਆਰਥੀਆਂ ਦੀ ਤਰੱਕੀ ਵਿਚ ਯੋਗਦਾਨ ਪਾਉਣ ਲਈ. ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ।

-----------------------------------------------------

ਕ੍ਰਿਕਟ 'ਚ ਚੌਥਾ ਅਤੇ ਆਖਰੀ ਟਵੇਂਟੀ-ਟਵੇਂਟੀ ਕੌਮਾਂਤਰੀ ਮੈਚ ਅੱਜ ਭਾਰਤ ਅਤੇ ਦੱਖਣੀ ਅਫਰੀਕਾ ਵਿਚਾਲੇ ਜੋਹਾਨਸਬਰਗ 'ਚ ਖੇਡਿਆ ਜਾਵੇਗਾ ।ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ 8 ਵਜੇ ਸ਼ੁਰੂ ਹੋਵੇਗਾ।

-----------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 'ਜਨਜਾਤੀ ਗੌਰਵ ਦਿਵਸ' ਮੌਕੇ, 6 ਹਜ਼ਾਰ 600 ਕਰੋੜ ਰੁਪਏ ਤੋਂ ਵੱਧ ਦੇ, ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

- ਭਾਰਤੀ ਗਰਿੱਡ ਰਾਹੀਂ ਨੇਪਾਲ ਤੋਂ ਬੰਗਲਾਦੇਸ਼ ਤੱਕ, ਪਹਿਲੇ ਤਿਕੋਣੀ ਬਿਜਲੀ ਲੈਣ-ਦੇਣ ਦਾ ਹੋਇਆ ਉਦਘਾਟਨ ।
- ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ, 555ਵਾਂ ਪ੍ਰਕਾਸ਼ ਪੁਰਬ, ਅੱਜ ਦੇਸ਼ ਭਰ ਵਿਚ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ- ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ।
- ਅੰਮ੍ਰਿਤਸਰ ਪੁਲਿਸ ਨੇ ਇਕ ਔਰਤ ਸਮੇਤ ਤਿੰਨ ਨਸ਼ਾ ਤਸਕਰਾਂ ਨੂੰ, 8 ਕਿਲੋ ਹੈਰੋਇਨ, 6 ਕਿਲੋ ਅਫੀਮ 4 ਪਿਸਤੌਲਾਂ ਤੇ 13 ਕਿਲੋ ਰਸਾਇਣ ਨਾਲ ਕੀਤਾ ਗ੍ਰਿਫਤਾਰ।